# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ : 24-04-2026**

**<u>ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ</u>**

- ਸੁਪਰੀਮ ਕੋਰਟ ਨੇ ਫੈਸਲਾ ਸੁਣਾਇਆ ਏ ਕਿ ਕੋਈ ਵੀ ਅਦਾਲਤ ਕਿਸੇ ਔਰਤ, ਨੂੰ ਉਸਦੀ ਮਰਜ਼ੀ ਦੇ ਵਿਰੁੱਧ ਗਰਭ ਜਾਰੀ ਰਖਣ ਲਈ ਮਜਬੂਰ ਨਹੀਂ ਕਰ ਸਕਦੀ।
- ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਨੇ OTT ਪਲੇਟਫਾਰਮ, ZEE FIVE ਨੂੰ ਗੈਂਗਸਟਰ ਗਤੀਵਿਧੀਆਂ ਨਾਲ ਜੁੜੀ ਇੱਕ ਵਿਵਾਦਪੂਰਨ ਦਸਤਾਵੇਜ਼ੀ ਫਿਲਮ "ਲਾਰੈਂਸ ਆਫ਼ ਪੰਜਾਬ", ਰਿਲੀਜ਼ ਨਾ ਕਰਨ ਦੇ ਨਿਰਦੇਸ਼ ਦਿੱਤੇ ਨੇ।
- ਹੰਗਾਮੀ ਤਿਆਰੀ ਦਾ ਮੁਲੰਕਣ ਕਰਨ ਲਈ ਅੱਜ ਰਾਤ ਨੂੰ ਪੰਜਾਬ ਭਰ ਵਿੱਚ ਇੱਕ ਪ੍ਰਕਿਰਿਆਤਮਕ ਬਲੈਕਆਉਟ ਮੌਕ ਡ੍ਰਿਲ ਕੀਤੀ ਜਾਵੇਗੀ।
- ਅੱਜ ਦੇਸ਼ ਭਰ ਵਿੱਚ ਰਾਸ਼ਟਰੀ ਪੰਚਾਇਤੀ ਰਾਜ ਦਿਵਸ ਮਨਾਇਆ ਜਾ ਰਿਹਾ ਏ ।

- IPL ਕ੍ਰਿਕੇਟ ਵਿੱਚ ਅੱਜ, ਰਾਇਲ ਚੈਲੇਂਜਰਜ਼ ਬੰਗਲੁਰੂ ਦਾ ਮੁਕਾਬਲਾ ਬੰਗਲੁਰੂ ਦੇ ਐਮ ਚਿੰਨਾਸਵਾਮੀ ਸਟੇਡੀਅਮ ਵਿੱਚ ਸ਼ਾਮ ਸਾਢੇ 7 ਵਜੇ ਗੁਜਰਾਤ ਟਾਈਟਨਸ ਨਾਲ ਹੋਵੇਗਾ।

**ਹੁਣ ਖਬਰਾਂ ਵਿਸਥਾਰ ਨਾਲ**

ਸੁਪਰੀਮ ਕੋਰਟ ਨੇ ਫੈਸਲਾ ਸੁਣਾਇਆ ਏ ਕਿ ਕੋਈ ਵੀ ਅਦਾਲਤ ਕਿਸੇ ਔਰਤ, ਖਾਸ ਕਰਕੇ ਨਾਬਾਲਗ ਨੂੰ ਉਸਦੀ ਮਰਜ਼ੀ ਦੇ ਵਿਰੁੱਧ ਗਰਭ ਜਾਰੀ ਰਖਣ ਲਈ ਮਜਬੂਰ ਨਹੀਂ ਕਰ ਸਕਦੀ। ਜਸਟਿਸ ਬੀ.ਵੀ. ਨਾਗਰਥਨਾ ਅਤੇ ਉੱਜਲ ਭੂਯਾਨ ਦੇ ਬੈਂਚ ਨੇ ਅੱਜ ਇੱਕ 15 ਸਾਲ ਦੀ ਕੁੜੀ ਨੂੰ ਸੱਤ ਮਹੀਨਿਆਂ ਤੋਂ ਵੱਧ ਦੀ ਗਰਭ ਅਵਸਥਾ ਦਾ ਡਾਕਟਰੀ ਤੌਰ 'ਤੇ ਗਰਭਪਾਤ ਕਰਨ ਦੀ ਇਜਾਜ਼ਤ ਦੇ ਦਿੱਤੀ, ਤੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਇੱਕ ਔਰਤ ਦੀ ਬੱਚਾ ਪੈਦਾ ਕਰਨ ਦੀ ਖੁਦਮੁਖਤਿਆਰੀ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਜਾਣੀ ਚਾਹੀਦੀ ਏ। ਅਦਾਲਤ ਨੇ ਕਿਹੈ ਕਿ ਕਿਸੇ ਦੇ ਸਰੀਰ ਬਾਰੇ ਫੈਸਲੇ ਲੈਣ ਦਾ ਅਧਿਕਾਰ, ਖਾਸ ਕਰਕੇ ਬੱਚਾ ਪੈਦਾ ਕਰਨ ਦੇ ਮਾਮਲਿਆਂ ਵਿੱਚ, ਸੰਵਿਧਾਨ ਦੀ ਧਾਰਾ 21 ਦੇ ਤਹਿਤ, ਨਿੱਜੀ ਆਜ਼ਾਦੀ ਅਤੇ ਨਿੱਜਤਾ ਦਾ ਇੱਕ ਅਨਿੱਖੜਵਾਂ ਅੰਗ ਏ। ਇਸ ਨੇ ਕਿਹਾ ਏ ਕਿ ਇੱਕ ਨਾਬਾਲਗ ਨੂੰ ਅਣਚਾਹੀ ਗਰਭ ਅਵਸਥਾ ਜਾਰੀ ਰੱਖਣ ਲਈ ਮਜਬੂਰ ਕਰਨਾ ਉਸਦੇ ਸੰਵਿਧਾਨਕ ਅਧਿਕਾਰਾਂ ਦੀ

ਉਲੰਘਣਾ ਕਰੇਗਾ ਅਤੇ ਗੰਭੀਰ ਮਾਨਸਿਕ, ਭਾਵਨਾਤਮਕ ਅਤੇ ਸਰੀਰਕ ਸਦਮੇ ਦਾ ਕਾਰਨ ਬਣ ਸਕਦਾ ਏ। ਬੈਂਚ ਨੇ ਇਸ ਦਲੀਲ ਨੂੰ ਵੀ ਰੱਦ ਕਰ ਦਿੱਤਾ ਕਿ ਬੱਚੇ ਨੂੰ ਗੋਦ ਲੈਣ ਲਈ ਛੱਡਿਆ ਜਾ ਸਕਦਾ ਏ ਤੇ ਕਿਹਾ ਕਿ ਅਜਿਹਾ ਤਰਕ ਗਰਭਵਤੀ ਨਾਬਾਲਗ ਦੀਆਂ ਇੱਛਾਵਾਂ ਅਤੇ ਭਲਾਈ ਤੋਂ ਵਧ ਕੇ ਨਹੀਂ ਹੋ ਸਕਦਾ।

--------------------------------------------------

ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਨੇ OTT ਪਲੇਟਫਾਰਮ, ZEE5 ਨੂੰ ਗੈਂਗਸਟਰ ਗਤੀਵਿਧੀਆਂ ਨਾਲ ਜੁੜੀ ਇੱਕ ਵਿਵਾਦਪੂਰਨ ਦਸਤਾਵੇਜ਼ੀ ਫਿਲਮ "ਲਾਰੈਂਸ ਆਫ਼ ਪੰਜਾਬ", ਰਿਲੀਜ਼ ਨਾ ਕਰਨ ਦੇ ਨਿਰਦੇਸ਼ ਦਿੱਤੇ ਨੇ। ਇਹ ਜਾਣਕਾਰੀ ਅੱਜ ਚੰਡੀਗੜ੍ਹ ਵਿੱਚ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਬੀਤੇ ਦਿਨੀ ਪੰਜਾਬ ਪੁਲਿਸ ਦੇ ਸਾਈਬਰ ਕ੍ਰਾਈਮ ਦੇ ਵਿਸ਼ੇਸ਼ ਡੀਜੀਪੀ ਨੇ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਕੋਲ ਇਹ ਮਾਮਲਾ ਉਠਾਇਆ ਸੀ ਅਤੇ ਫਿਲਮ ਦੀ ਰਿਲੀਜ਼ 'ਤੇ ਪਾਬੰਦੀ ਲਗਾਉਣ ਦੀ ਮੰਗ ਕੀਤੀ ਸੀ। ਪੰਜਾਬ ਪੁਲਿਸ ਦਾ ਕਹਿਣਾ ਏ ਕਿ ਇਹ ਫਿਲਮ ਸੰਗਠਿਤ ਅਪਰਾਧ ਅਤੇ ਅਪਰਾਧਿਕ ਤੱਤਾਂ ਦੀ ਵਡਿਆਈ ਕਰਦੀ ਏ। ਪੰਜਾਬ ਪੁਲਿਸ ਸੂਬੇ ਵਿੱਚ ਸ਼ਾਂਤੀ, ਜਨਤਕ ਵਿਵਸਥਾ ਅਤੇ ਸਮਾਜਿਕ ਸਦਭਾਵਨਾ ਬਣਾਈ ਰੱਖਣ ਲਈ ਵਚਨਬੱਧ ਏ।

---------------------------------------------------

ਆਮ ਆਦਮੀ ਪਾਰਟੀ ਨੂੰ ਵੱਡਾ ਝਟਕਾ ਦਿੰਦੇ ਹੋਏ, ਇਸਦੇ ਤਿੰਨ ਰਾਜ ਸਭਾ ਸੰਸਦ ਮੈਂਬਰਾਂ ਰਾਘਵ ਚੱਢਾ, ਸੰਦੀਪ ਪਾਠਕ ਅਤੇ ਅਸ਼ੋਕ ਮਿੱਤਲ ਨੇ ਪਾਰਟੀ ਛੱਡਣ ਦਾ ਐਲਾਨ ਕੀਤਾ ਏ । ਅੱਜ ਨਵੀਂ ਦਿੱਲੀ ਵਿੱਚ ਮੀਡੀਆ ਨੂੰ ਜਾਣਕਾਰੀ ਦਿੰਦੇ ਹੋਏ, ਸ੍ਰੀ ਚੱਢਾ ਨੇ ਐਲਾਨ ਕੀਤਾ ਕਿ ਉਹ ਸੰਸਦ ਦੇ ਉਪਰਲੇ ਸਦਨ ਵਿੱਚ ਕਈ ਹੋਰ 'ਆਪ' ਸੰਸਦ ਮੈਂਬਰਾਂ ਨਾਲ ਭਾਜਪਾ ਵਿੱਚ ਸ਼ਾਮਲ ਹੋਣਗੇ। ਉਨ੍ਹਾਂ ਕਿਹਾ, ਉਨ੍ਹਾਂ ਨੇ ਫੈਸਲਾ ਕੀਤਾ ਏ ਕਿ ਰਾਜ ਸਭਾ ਵਿੱਚ 'ਆਪ' ਨਾਲ ਸਬੰਧਤ ਦੋ-ਤਿਹਾਈ ਮੈਂਬਰ ਭਾਜਪਾ ਵਿੱਚ ਸ਼ਾਮਲ ਹੋ ਜਾਣਗੇ। ਸ੍ਰੀ ਚੱਢਾ ਨੇ ਇਲਜ਼ਾਮ ਲਾਇਆ ਕਿ ਭ੍ਰਿਸ਼ਟਾਚਾਰ ਨੂੰ ਖਤਮ ਕਰਨ ਦੇ ਵਾਅਦੇ ਨਾਲ ਬਣੀ ਆਮ ਆਦਮੀ ਪਾਰਟੀ ਹੁਣ ਭ੍ਰਿਸ਼ਟ ਅਤੇ ਸਮਝੌਤਾਵਾਦੀ ਵਿਅਕਤੀਆਂ ਦੇ ਹੱਥਾਂ ਵਿੱਚ ਫਸ ਗਈ ਏ । ਉਨ੍ਹਾਂ ਕਿਹਾ ਕਿ ਉਹ ਦੇਸ਼ ਲਈ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਹੇਠ ਇਕੱਠੇ ਕੰਮ ਕਰਨਗੇ। ਉਨ੍ਹਾਂ ਕਿਹਾ ਕਿ, ਰਾਜ ਸਭਾ ਵਿੱਚ, ਆਮ ਆਦਮੀ ਪਾਰਟੀ ਦੇ ਦਸ ਸੰਸਦ ਮੈਂਬਰ ਨੇ ਅਤੇ ਉਨ੍ਹਾਂ ਵਿੱਚੋਂ ਦੋ-ਤਿਹਾਈ ਤੋਂ ਵੱਧ ਭਾਜਪਾ ਵਿੱਚ ਸ਼ਾਮਲ ਹੋਣ ਦੇ ਉਨ੍ਹਾਂ ਦੇ ਫੈਸਲੇ ਨਾਲ ਨੇ. ਸ੍ਰੀ ਚੱਢਾ ਨੇ ਕਿਹਾ ਕਿ ਉਨ੍ਹਾਂ ਨੇ ਪਹਿਲਾਂ ਹੀ ਰਾਜ ਸਭਾ ਦੇ ਚੇਅਰਮੈਨ ਨੂੰ ਸਾਰੇ ਦਸਤਾਵੇਜ਼ਾਂ 'ਤੇ ਦਸਤਖਤ ਕਰ ਦਿੱਤੇ ਨੇ ਅਤੇ ਜਮ੍ਹਾਂ ਕਰਵਾ ਦਿੱਤੇ ਨੇ.

---------------------------------------------------------------

ਪੰਜਾਬ ਵਿੱਚ, ਮਰਦਮਸ਼ੁਮਾਰੀ 2027,  30 ਅਪ੍ਰੈਲ ਤੋਂ ਦੋ ਪੜਾਵਾਂ ਵਿੱਚ ਕੀਤੀ ਜਾਵੇਗੀ। ਇਸ ਵਿਸ਼ਾਲ ਕਾਰਜ ਲਈ ਵਿਆਪਕ ਪ੍ਰਸ਼ਾਸਕੀ ਪ੍ਰਬੰਧ ਕੀਤੇ ਗਏ ਨੇ ਜੋ ਸਮਾਜਿਕ-ਆਰਥਿਕ ਅਤੇ ਆਬਾਦੀ ਦੀ ਜਾਣਕਾਰੀ ਦੇ ਇੱਕ ਵਿਆਪਕ ਸਰੋਤ ਵਜੋਂ ਕੰਮ ਕਰਦਾ ਏ ਅਤੇ ਵਿਕਾਸ, ਯੋਜਨਾਬੰਦੀ, ਭਲਾਈ ਯੋਜਨਾਵਾਂ ਦੇ ਨਿਰਮਾਣ ਅਤੇ ਜਨਤਕ ਸੇਵਾਵਾਂ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਏ । ਅੱਜ ਚੰਡੀਗੜ੍ਹ ਵਿਖੇ ਇੱਕ ਸਾਂਝੀ ਪ੍ਰੈਸ ਕਾਨਫਰੰਸ ਵਿੱਚ ਮੀਡੀਆ ਨੂੰ ਜਾਣਕਾਰੀ ਦਿੰਦੇ ਹੋਏ, ਪੰਜਾਬ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼, ਚੰਡੀਗੜ੍ਹ ਦੇ ਮਰਦਮਸ਼ੁਮਾਰੀ ਦੇ ਸੰਚਾਲਨ ਬਾਰੇ ਡਾਇਰੈਕਟੋਰੇਟ, ਡਾ. ਨਵਜੋਤ ਖੋਸਾ ਅਤੇ ਸਥਾਨਕ ਸਰਕਾਰਾਂ ਵਿਭਾਗ, ਪੰਜਾਬ ਦੇ ਪ੍ਰਸ਼ਾਸਕੀ ਸਕੱਤਰ, ਮਨਜੀਤ ਸਿੰਘ ਬਰਾੜ ਨੇ ਕਿਹਾ ਕਿ ਇਹ ਪਹਿਲੀ ਵਾਰ ਏ ਕਿ ਮਰਦਮਸ਼ੁਮਾਰੀ 2027 ਡਿਜੀਟਲ ਮੋਡ ਵਿੱਚ ਮੋਬਾਈਲ ਐਪਲੀਕੇਸ਼ਨਾਂ ਦੀ ਵਰਤੋਂ ਕਰਕੇ ਕੀਤੀ ਜਾਵੇਗੀ ਅਤੇ ਨਾਲ ਹੀ ਔਨਲਾਈਨ ਪੋਰਟਲ ਰਾਹੀਂ ਸਵੈ-ਗਣਨਾ ਦੀ ਸ਼ੁਰੂਆਤ ਕੀਤੀ ਜਾਵੇਗੀ।

byte

ਡਾ. ਖੋਸਾ ਨੇ ਕਿਹਾ ਕਿ ਪਹਿਲਾ ਪੜਾਅ 30 ਅਪ੍ਰੈਲ 2026 ਤੋਂ 14 ਮਈ 2026 ਤੱਕ ਸ਼ੁਰੂ ਹੋਵੇਗਾ, ਜਿਸ ਵਿੱਚ ਸਵੈ-ਗਣਨਾ ਸ਼ਾਮਲ ਏ,

ਇਸ ਤੋਂ ਬਾਅਦ 15 ਮਈ 2026 ਤੋਂ 13 ਜੂਨ 2026 ਤੱਕ ਘਰ-ਘਰ ਗਣਨਾ ਹੋਵੇਗੀ। ਆਬਾਦੀ ਗਣਨਾ ਦਾ ਦੂਜਾ ਪੜਾਅ ਅਗਲੇ ਸਾਲ, 9 ਫਰਵਰੀ 2027 ਤੋਂ 28 ਫਰਵਰੀ, 2027 ਤੱਕ ਤੈਅ ਕੀਤਾ ਗਿਆ ਏ। ਪੜਾਅ-1 ਰਿਹਾਇਸ਼ੀ ਸਥਿਤੀਆਂ, ਸਹੂਲਤਾਂ ਅਤੇ ਸੰਪਤੀਆਂ 'ਤੇ ਕੇਂਦ੍ਰਤ ਕਰੇਗਾ ਅਤੇ ਆਬਾਦੀ ਗਣਨਾ ਪੜਾਅ ਦਾ ਆਧਾਰ ਬਣਾਏਗਾ। ਉਨ੍ਹਾਂ ਕਿਹਾ ਕਿ ਤੁਹਾਡੇ ਤੋਂ ਡੇਟਾ ਇਕੱਠਾ ਕਰਨ ਲਈ ਆਉਣ ਵਾਲੇ ਵਿਅਕਤੀ ਦੀ ਪਛਾਣ ਕਰਨ ਲਈ, ਕੋਈ ਵੀ ਵਿਅਕਤੀ ਉਸਦੇ ਪਛਾਣ ਪੱਤਰ 'ਤੇ ਦਿੱਤੇ ਗਏ QR ਕੋਡ ਨੂੰ ਸਕੈਨ ਕਰ ਸਕਦਾ ਏ-

byte

ਮਰਦਮਸ਼ੁਮਾਰੀ 2027 ਭਾਰਤ ਵਿੱਚ 16ਵੀਂ ਅਤੇ ਆਜ਼ਾਦੀ ਤੋਂ ਬਾਅਦ 8ਵੀਂ ਮਰਦਮਸ਼ੁਮਾਰੀ ਹੋਵੇਗੀ। ਪਿਛਲੀ ਮਰਦਮ ਸ਼ੁਮਾਰੀ 2011 ਵਿੱਚ ਕੀਤੀ ਗਈ ਸੀ, ਜਦੋਂ ਕਿ 2021 ਦੀ ਮਰਦਮਸ਼ੁਮਾਰੀ ਕੋਵਿਡ-19 ਮਹਾਂਮਾਰੀ ਕਾਰਨ ਮੁਲਤਵੀ ਕਰ ਦਿੱਤੀ ਗਈ ਸੀ। ਮਰਦਮਸ਼ੁਮਾਰੀ 2027 ਲਈ ਇੱਕ ਰਾਸ਼ਟਰੀ ਟੋਲ-ਫ੍ਰੀ ਹੈਲਪਲਾਈਨ ਨੰਬਰ 1855 30 ਅਪ੍ਰੈਲ ਤੋਂ ਪੰਜਾਬ ਵਿੱਚ ਕਾਰਜਸ਼ੀਲ ਹੋਵੇਗਾ ਤਾਂ ਜੋ ਜਨਤਾ ਨੂੰ ਕਿਸੇ ਵੀ ਪ੍ਰਸ਼ਨ ਲਈ ਸਹਾਇਤਾ ਮਿਲ ਸਕੇ।

-------------------------------------------

ਹੰਗਾਮੀ ਤਿਆਰੀ ਦਾ ਮੁਲੰਕਣ ਕਰਨ ਲਈ ਅੱਜ ਰਾਤ ਨੂੰ ਪੰਜਾਬ ਭਰ ਵਿੱਚ ਇੱਕ ਪ੍ਰਕਿਰਿਆਤਮਕ ਬਲੈਕਆਉਟ ਮੌਕ ਡ੍ਰਿਲ ਕੀਤੀ ਜਾਵੇਗੀ। ਸੂਬੇ ਵਿੱਚ ਸਿਵਲ ਡਿਫੈਂਸ ਤਿਆਰੀ ਦਾ ਮੁਲਾਂਕਣ ਕਰਨ ਅਤੇ ਵਧਾਉਣ ਲਈ ਤਿਆਰ ਕੀਤਾ ਗਿਆ ਏ , ਲੋਕਾਂ ਨੂੰ ਕਿਸੇ ਵੀ ਚੀਜ਼ ਬਾਰੇ ਚਿੰਤਾ ਕਰਨ ਦੀ ਲੋੜ ਨਹੀਂ ਏ । ਗ੍ਰਹਿ ਮੰਤਰਾਲੇ ਦੇ ਨਿਰਦੇਸ਼ਾਂ ਮੁਤਾਬਿਕ ਸੂਬੇ ਵਿੱਚ ਸਿਵਲ ਡਿਫੈਂਸ ਤਿਆਰੀ ਦੀ ਜਾਂਚ ਕਰਨ ਲਈ, ਅੱਜ ਸਾਰੇ ਜ਼ਿਲ੍ਹਿਆਂ ਵਿੱਚ ਪਹਿਲਾਂ ਤੋਂ ਪਛਾਣੇ ਗਏ ਖੇਤਰਾਂ ਵਿੱਚ ਇੱਕ ਸਿਵਲ ਡਿਫੈਂਸ ਏਅਰ ਰੇਡ, ਬਲੈਕਆਉਟ ਮੌਕ ਡ੍ਰਿਲ ਕੀਤੀ ਜਾਵੇਗੀ। ਮੌਕ ਡ੍ਰਿਲ ਇੱਕ ਹਵਾਈ ਹਮਲੇ ਦੇ ਚੇਤਾਵਨੀ ਸਿਗਨਲ ਨਾਲ ਸ਼ੁਰੂ ਹੋਵੇਗੀ, ਜਿਸ ਨੂੰ ਦੋ ਮਿੰਟ ਲਈ ਸਾਇਰਨ ਰਾਹੀਂ ਪ੍ਰਸਾਰਿਤ ਕੀਤਾ ਜਾਵੇਗਾ। ਇਹਨਾਂ ਪਛਾਣੇ ਗਏ ਖੇਤਰਾਂ ਵਿੱਚ ਆਮ ਲੋਕਾਂ ਨੂੰ ਬਲੈਕਆਉਟ ਦੇ ਸਮੇਂ ਦੌਰਾਨ ਸਾਰੀਆਂ ਗੈਰ-ਜ਼ਰੂਰੀ ਰੋਸ਼ਨੀ ਬੰਦ ਕਰਨ ਦੇ ਨਿਰਦੇਸ਼ ਦਿੱਤੇ ਗਏ ਨੇ । ਹਾਲਾਂਕਿ, ਜ਼ਰੂਰੀ ਸੇਵਾਵਾਂ ਡ੍ਰਿਲ ਦੌਰਾਨ ਪੂਰੀ ਤਰ੍ਹਾਂ ਕਾਰਜਸ਼ੀਲ ਰਹਿਣਗੀਆਂ। ਇਸੇ ਤਹਿਤ ਜਲੰਧਰ 'ਚ ਕੱਲ ਰਾਤ 8 ਵਜੇ ਸਿਰਫ ਖਾਲਸਾ ਕਾਲਜ ਫਾਰ ਵੂਮੈਨ ਕੈਂਪਸ, ਵਿਖੇ ਸਿਵਲ ਡਿਫੈਂਸ ਏਅਰ ਰੇਡ, ਬਲੈਕ ਆਊਟ ਮੌਕ ਡਰਿੱਲ ਕਰਵਾਈ ਜਾ ਰਹੀ ਏ ।

---------------------------------------------

ਅੱਜ ਦੇਸ਼ ਭਰ ਵਿੱਚ ਰਾਸ਼ਟਰੀ ਪੰਚਾਇਤੀ ਰਾਜ ਦਿਵਸ ਮਨਾਇਆ ਜਾ ਰਿਹਾ ਏ । ਇਹ ਦਿਨ ਸਥਾਨਕ ਸਵੈ-ਸ਼ਾਸਨ ਦੇ ਇੱਕ ਬਕਾਇਦਾ ਢਾਂਚੇ ਵਜੋਂ ਪੰਚਾਇਤੀ ਰਾਜ ਪ੍ਰਣਾਲੀ ਦੀ ਸਥਾਪਨਾ ਦੀ ਯਾਦ ਦਿਵਾਉਂਦਾ ਏ । ਪੰਚਾਇਤੀ ਰਾਜ ਸੰਸਥਾਵਾਂ ਭਾਰਤ ਵਿੱਚ ਦਿਹਾਤੀ ਵਿਕਾਸ ਅਤੇ ਸਥਾਨਕ ਸਵੈ-ਸ਼ਾਸਨ ਦੀ ਨੀਂਹ ਨੇ. ਉਨ੍ਹਾਂ ਦੀਆਂ ਜੜ੍ਹਾਂ ਪਿੰਡਾਂ ਦੇ ਆਪਣੇ ਫੈਸਲੇ ਲੈਣ ਦੀ ਪੁਰਾਤਨ ਰਵਾਇਤ ਵਿੱਚ ਜੁੜੀਆਂ ਹੋਈਆਂ ਨੇ । ਹੁਣ, ਕੇਂਦਰ ਅਤੇ ਰਾਜ ਸਰਕਾਰਾਂ ਵਲੋਂ ਚੁਣੇ ਹੋਏ ਪਿੰਡਾਂ ਦੇ ਪ੍ਰਤੀਨਿਧੀਆਂ ਨੂੰ ਬਹੁਤ ਸਾਰੀਆਂ ਸਰਕਾਰੀ ਸ਼ਕਤੀਆਂ ਸੌਂਪੀਆਂ ਗਈਆਂ ਨੇ. ਅੱਜ, ਦੇਸ਼ ਵਿੱਚ ਢਾਈ ਲਖ ਤੋਂ ਵੱਧ ਪੰਚਾਇਤਾਂ ਨੇ, ਅਤੇ 24 ਲਖ ਤੋਂ ਵੱਧ ਚੁਣੇ ਹੋਏ ਪ੍ਰਤੀਨਿਧੀ ਕੰਮ ਕਰ ਰਹੇ ਨੇ. ਅੱਜ, 95 ਫੀਸਦੀ ਤੋਂ ਵੱਧ ਪਿੰਡਾਂ ਵਿੱਚ 3G ਅਤੇ 4G ਇੰਟਰਨੈੱਟ ਦੀ ਪਹੁੰਚ ਏ, ਜਿਸ ਨਾਲ ਸਰਕਾਰੀ ਸੇਵਾਵਾਂ ਲੋਕਾਂ ਲਈ ਪਹੁੰਚਯੋਗ ਬਣ ਗਈਆਂ ਨੇ. ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਇਸ ਮੌਕੇ 'ਤੇ ਸਾਰੇ ਨਾਗਰਿਕਾਂ, ਖਾਸ ਕਰਕੇ ਚੁਣੇ ਹੋਏ ਪ੍ਰਤੀਨਿਧੀਆਂ ਅਤੇ ਪੰਚਾਇਤੀ ਰਾਜ ਸੰਸਥਾਵਾਂ ਦੇ ਅਧਿਕਾਰੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

IPL ਕ੍ਰਿਕੇਟ ਵਿੱਚ ਅੱਜ, ਰਾਇਲ ਚੈਲੇਂਜਰਜ਼ ਬੰਗਲੁਰੂ ਦਾ ਮੁਕਾਬਲਾ ਬੰਗਲੁਰੂ ਦੇ ਐਮ ਚਿੰਨਾਸਵਾਮੀ ਸਟੇਡੀਅਮ ਵਿੱਚ ਸ਼ਾਮ ਸਾਢੇ 7 ਵਜੇ ਗੁਜਰਾਤ ਟਾਈਟਨਸ ਨਾਲ ਹੋਵੇਗਾ ।

---------------------------------------------------

- ਸੁਪਰੀਮ ਕੋਰਟ ਨੇ ਫੈਸਲਾ ਸੁਣਾਇਆ ਏ ਕਿ ਕੋਈ ਵੀ ਅਦਾਲਤ ਕਿਸੇ ਔਰਤ, ਨੂੰ ਉਸਦੀ ਮਰਜ਼ੀ ਦੇ ਵਿਰੁੱਧ ਗਰਭ ਜਾਰੀ ਰਖਣ ਲਈ ਮਜਬੂਰ ਨਹੀਂ ਕਰ ਸਕਦੀ।
- ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਨੇ OTT ਪਲੇਟਫਾਰਮ, ZEE FIVE ਨੂੰ ਗੈਂਗਸਟਰ ਗਤੀਵਿਧੀਆਂ ਨਾਲ ਜੁੜੀ ਇੱਕ ਵਿਵਾਦਪੂਰਨ ਦਸਤਾਵੇਜ਼ੀ ਫਿਲਮ "ਲਾਰੈਂਸ ਆਫ਼ ਪੰਜਾਬ", ਰਿਲੀਜ਼ ਨਾ ਕਰਨ ਦੇ ਨਿਰਦੇਸ਼ ਦਿੱਤੇ ਨੇ।
- ਹੰਗਾਮੀ ਤਿਆਰੀ ਦਾ ਮੁਲੰਕਣ ਕਰਨ ਲਈ ਅੱਜ ਰਾਤ ਨੂੰ ਪੰਜਾਬ ਭਰ ਵਿੱਚ ਇੱਕ ਪ੍ਰਕਿਰਿਆਤਮਕ ਬਲੈਕਆਉਟ ਮੌਕ ਡ੍ਰਿਲ ਕੀਤੀ ਜਾਵੇਗੀ।
- ਅੱਜ ਦੇਸ਼ ਭਰ ਵਿੱਚ ਰਾਸ਼ਟਰੀ ਪੰਚਾਇਤੀ ਰਾਜ ਦਿਵਸ ਮਨਾਇਆ ਜਾ ਰਿਹਾ ਏ ।

IPL ਕ੍ਰਿਕੇਟ ਵਿੱਚ ਅੱਜ, ਰਾਇਲ ਚੈਲੇਂਜਰਜ਼ ਬੰਗਲੁਰੂ ਦਾ ਮੁਕਾਬਲਾ ਬੰਗਲੁਰੂ ਦੇ ਐਮ ਚਿੰਨਾਸਵਾਮੀ ਸਟੇਡੀਅਮ ਵਿੱਚ ਸ਼ਾਮ ਸਾਢੇ 7 ਵਜੇ ਗੁਜਰਾਤ ਟਾਈਟਨਸ ਨਾਲ ਹੋਵੇਗਾ ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**